# VIGILANCE BUREAU PUNJAB

## Vigilance nabs SDO, ASI for taking bribe in two different cases

Chandigarh, April 8: Punjab Vigilance Bureau, today nabbed PSPCL SDO and Assistant Sub Inspector (ASI) in two different bribery cases.

Disclosing this here an official spokesperson of the Vigilance Bureau said SDO Sarwan Singh posted at PSPCL sub-division Badali Ala Singh in Fatehgarh Sahib District was arrested on the complaint of Inderjit Singh of Village Jamitgarh in Fatehgarh Sahib District.

The complaint has approached the VB and alleged that the above said SDO was demanding Rs. 10,000 to transfer a tubewell connection in his name and the deal was struck at Rs. 8000/-.

After verifying his information, a Vigilance team laid a trap and the accused SDO arrested on the spot while accepting bribe of Rs. 8,000 from the complainant in the presence of two official witnesses.

In another bribery case the Economic offence wing (EOW) of Vigilance Bureau today nabbed Assistant sub inspector (ASI) Gurmeet Singh posted at Focal Point Police Station, Ludhiana district red handed on the complaint of Jimmy Paul of Ludhiana district. The complainant has approached the VB and alleged that the accused ASI was demanding Rs 5,000 to help him in a police case.

After verifying his information, the vigilance team laid a trap and the accused ASI was arrested on the spot while taking bribe of Rs. 4,500 in the presence of two official witnesses.

He informed that cases under Prevention of Corruption Act have been registered against both the accused VB police station SAS Nagar and EOW Ludhiana and further investigation were under progress.

ਵਿਜੀਲੈਂਸ ਬਿਓਰੋ ਪੰਜਾਬ

## ਵਿਜੀਲੈਂਸ ਨੇ ਰਿਸ਼ਵਤ ਦੇ ਦੋ ਵੱਖ-ਵੱਖ ਕੇਸਾਂ ਵਿਚ ਪੀ.ਐਸ.ਪੀ.ਸੀ.ਐਲ ਦਾ ਐਸ.ਡੀ.ਓ ਤੇ ਏ.ਐਸ.ਆਈ ਨੂੰ ਕੀਤਾ ਰੰਗੇ ਹੱਥੀਂ ਕਾਬੂ

ਚੰਡੀਗੜ੍ਹ, 8 ਅਪ੍ਰੈਲ: ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਰਿਸ਼ਵਤ ਦੇ ਦੋ ਵੱਖ-ਵੱਖ ਕੇਸਾਂ ਵਿਚ ਪੀ.ਐਸ.ਪੀ.ਸੀ.ਐਲ ਸਬ ਡਵੀਜਨ ਬਡਾਲੀ ਆਲਾ ਸਿੰਘ, ਜਿਲਾ ਫਤਹਿਗੜ੍ਹ ਸਾਹਿਬ ਵਿਖੇ ਤਾਇਨਾਤ ਐਸ.ਡੀ.ਓ ਸਰਵਨ ਸਿੰਘ ਅਤੇ ਪੁਲਿਸ ਥਾਣਾ ਫੋਕਲ ਪੁਆਇੰਟ ਲੁਧਿਆਣਾ ਵਿਖੇ ਤਾਇਨਾਤ ਏ.ਐਸ.ਆਈ ਗੁਰਮੀਤ ਸਿੰਘ ਨੂੰ ਰਿਸ਼ਵਤ ਲੈਦਿਆਂ ਰੰਗੇ ਹੱਥੀਂ ਗ੍ਰਿਫਤਾਰ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਐਸ.ਡੀ.ਓ ਸਰਵਨ ਸਿੰਘ ਨੂੰ ਸ਼ਿਕਾਇਤਕਰਤਾ ਇੰਦਰਜੀਤ ਸਿੰਘ ਵਾਸੀ ਪਿੰਡ ਜਮੀਤਗੜ੍ਹ, ਜਿਲਾ ਫਤਹਿਗੜ੍ਹ ਸਾਹਿਬ ਦੀ ਸ਼ਿਕਾਇਤ ’ਤੇ 8,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਗਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਸ ਦੇ ਪਿਤਾ ਦੇ ਦਿਹਾਂਤ ਤੋ ਬਾਅਦ ਟਿਊਬਵੈਲ ਦਾ ਕੁਨੈਕਸ਼ਨ ਉਸ ਦੇ ਨਾਮ ’ਤੇ ਕਰਨ ਬਦਲੇ ਉਕਤ ਐਸ.ਡੀ.ਓ 10,000 ਰੁਪਏ ਦੀ ਮੰਗ ਕਰ ਰਿਹਾ ਹੈ ਅਤੇ ਸੌਦਾ 8000 ਰੁਪਏ ਵਿਚ ਤੈਅ ਹੋਇਆ ਹੈ।

ਵਿਜੀਲੈਂਸ ਵਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਐਸ.ਡੀ.ਓ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ87,000 ਰੁਪਏ ਦੀ ਰਿਸ਼ਵਤ ਲੈਂਦਿਆਂ ਦਬੋਚ ਲਿਆ।

ਇਕ ਹੋਰ ਰਿਸ਼ਵਤ ਦੇ ਕੇਸ ਵਿਚ ਵਿਜੀਲੈਂਸ ਦੀ ਆਰਥਿਕ ਅਪਰਾਧ ਸ਼ਾਖਾ ਲੁਧਿਆਣਾ ਵਲੋ ਥਾਣਾ ਫੋਕਲ ਪੁਆਂਇਟ ਜਿਲਾ ਲੁਧਿਆਣਾ ਵਿਖੇ ਤਾਇਨਾਤ ਏ.ਐਸ.ਆਈ. ਗੁਰਮੀਤ ਸਿੰਘ ਨੂੰ 4500 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਏ.ਐਸ.ਆਈ ਨੂੰ ਸ਼ਿਕਾਇਤਕਰਤਾ ਜਿੰਮੀ ਪੋਲ ਵਾਸੀ ਐਲ.ਆਈ.ਜੀ 622, ਸੈਕਟਰ 32, ਜਿਲਾ ਲੁਧਿਆਣਾ ਦੀ ਸ਼ਿਕਾਇਤ ’ਤੇ ਫ਼ੜਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਸ ਵਲੋ ਦਰਜ ਕੀਤੇ ਝਗੜੇ ਦੇ ਕੇਸ ਵਿਚ ਦੋਸ਼ੀਆਂ ਵਿਰੁੱਧ ਅਦਾਲਤ ਵਿਚ ਚਲਾਨ ਪੇਸ਼ ਕਰਨ ਬਲਦੇ ਉਕਤ ਏ.ਐਸ.ਆਈ ਵਲੋਂ 5,000 ਰੁਪਏ ਦੀ ਮੰਗ ਕੀਤੀ ਗਈ ਹੈ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਏ.ਐਸ.ਆਈ. ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ ਦੂਸਰੀ ਕਿਸ਼ਤ ਦੇ 4,500 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ ‘ਤੇ ਹੀ ਦਬੋਚ ਲਿਆ। ਉਨਾਂ ਦੱਸਿਆ ਕਿ ਉਕਤ ਦੋਹਾਂ ਦੋਸ਼ੀਆਂ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਐਸ.ਏ.ਐਸ ਨਗਰ ਅਤੇ ਆਰਥਿਕ ਅਪਰਾਧ ਸ਼ਾਖਾ ਲੁਧਿਆਣਾ ਵਿਚ ਮੁਕੱਦਮੇ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

----